## ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 30-10-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਜ਼ੋਰ ਦੇ ਕੇ ਕਿਹਾ ਕਿ ਵਿਸ਼ਵਵਿਆਪੀ ਤਣਾਅ, ਵਪਾਰਕ ਰੁਕਾਵਟਾਂ ਅਤੇ ਬਦਲਦੀਆਂ ਸਪਲਾਈ ਲੜੀਆਂ ਦਰਮਿਆਨ, ਭਾਰਤ ਸਮਾਵੇਸ਼ੀ ਵਿਕਾਸ ਦਾ ਪ੍ਰਤੀਕ ਏ । ਕੱਲ੍ਹ ਮੁੰਬਈ ਵਿੱਚ ਮੈਰੀਟਾਈਮ ਲੀਡਰਜ਼ ਕਨਕਲੇਵ ਨੂੰ ਸੰਬੋਧਨ ਕਰਦਿਆਂ, ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਸਮੁੰਦਰੀ ਜਹਾਜ਼ਾਂ ਦੇ ਨਿਰਮਾਣ ਵਿੱਚ ਨਵੀਆਂ ਉਚਾਈਆਂ 'ਤੇ ਪਹੁੰਚਣ ਲਈ ਕੋਸ਼ਿਸ਼ਾਂ ਕਰ ਰਿਹਾ ਏ-

BYTE–

ਪ੍ਰਧਾਨ ਮੰਤਰੀ ਨੇ ਭਾਰਤ ਦੇ ਸਮੁੰਦਰੀ ਖੇਤਰ ਨੂੰ ਮਜ਼ਬੂਤ ਕਰਨ ਲਈ 2 ਲਖ 20 ਹਜ਼ਾਰ ਕਰੋੜ ਰੁਪਏ ਦੀ ਇੱਕ ਸਾਰਥਕ ਪਹਿਲਕਦਮੀ ਸ਼ੁਰੂ ਕੀਤੀ । ਉਨ੍ਹਾਂ ਕਿਹਾ ਕਿ ਅੱਜ, ਭਾਰਤੀ ਬੰਦਰਗਾਹਾਂ, ਦੁਨੀਆ ਦੇ ਸਭ ਤੋਂ ਵੱਧ ਕੁਸ਼ਲ ਬੰਦਰਗਾਹਾਂ ਵਿੱਚੋਂ ਇੱਕ ਨੇ ।

ਉਨ੍ਹਾਂ ਕਿਹਾ ਕਿ ਭਾਰਤੀ ਬੰਦਰਗਾਹਾਂ ਨੇ ਇਸ ਸਾਲ ਹੁਣ ਤੱਕ ਦੇ ਸਭ ਤੋਂ ਵੱਧ ਵਪਾਰ ਦਾ ਨਵਾਂ ਰਿਕਾਰਡ ਕਾਇਮ ਕੀਤਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਜਹਾਜ਼ਰਾਨੀ ਖੇਤਰ ਵਿੱਚ ਕਈ ਪ੍ਰੋਜੈਕਟ ਸ਼ੁਰੂ ਕੀਤੇ ਗਏ ਨੇ। ਇਸ ਖੇਤਰ ਵਿੱਚ ਲੱਖਾਂ ਕਰੋੜ ਰੁਪਏ ਦੇ ਸਮਝੌਤਿਆਂ 'ਤੇ ਵੀ ਦਸਤਖਤ ਕੀਤੇ ਗਏ ਨੇ।

---------------------------------------------------------------------------

ਪੰਜਾਬ ਸਰਕਾਰ ਨੇ  ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦੇ ਦੂਜੇ ਗੇੜ ਦੀ ਸ਼ੁਰੂਆਤ ਕੀਤੀ ਏ। ਇਸਨੂੰ ਜਾਰੀ ਕਰਦਿਆਂ ਕੱਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦਾ ਇਹ ਦੂਜਾ ਗੇੜ ਲੋਕਾਂ ਦੀ ਸਹੂਲਤ ਲਈ ਸ਼ੁਰੂ ਕੀਤਾ ਗਿਆ ਏ ਅਤੇ ਇਸ ਯਾਤਰਾ ਲਈ ਹਰੇਕ ਵਿਧਾਨ ਸਭਾ ਹਲਕੇ ਤੋਂ 16 ਹਜ਼ਾਰ ਸ਼ਰਧਾਲੂਆਂ ਦੀ ਚੋਣ ਕੀਤੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ਼ਰਧਾਲੂਆਂ ਨੂੰ ਸ੍ਰੀ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਿਰ, ਭਗਵਾਨ ਵਾਲਮੀਕਿ ਤੀਰਥ ਸਥਲ, ਜਲ੍ਹਿਆਂਵਾਲਾ ਬਾਗ, ਪਾਰਟੀਸ਼ਨ ਮਿਊਜ਼ੀਅਮ ਅਤੇ ਅੰਮ੍ਰਿਤਸਰ ਦੇ ਹੋਰ

ਧਾਰਮਿਕ ਸਥਾਨਾਂ ਦੀ ਯਾਤਰਾ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਸਕੀਮ ਅਧੀਨ ਨਾਗਰਿਕ ਪੰਜਾਬ ਵਿੱਚ ਸ੍ਰੀ ਅਨੰਦਪੁਰ ਸਾਹਿਬ ਅਤੇ ਹਿਮਾਚਲ ਪ੍ਰਦੇਸ਼ ਦੇ ਮਾਤਾ ਨੈਣਾ ਦੇਵੀ ਮੰਦਰ ਵਰਗੀਆਂ ਪਵਿੱਤਰ ਥਾਵਾਂ ਦੇ ਦਰਸ਼ਨ ਵੀ ਕਰਨਗੇ। ਮੁੱਖ ਮੰਤਰੀ ਨੇ ਕਿਹਾ ਕਿ ਇਸ ਸਕੀਮ ਅਧੀਨ ਸਾਰੇ ਵਰਗਾਂ, ਧਰਮਾਂ, ਅਤੇ ਖਿੱਤਿਆਂ ਨਾਲ ਸਬੰਧਤ ਲੋਕ ਯਾਤਰਾ ਉੱਤੇ ਜਾ ਰਹੇ ਹਨ। ਸ਼ਰਧਾਲੂਆਂ ਨੂੰ ਇਸ ਯਾਤਰਾ ਦੌਰਾਨ ਤਿੰਨ ਦਿਨ ਤੇ ਦੋ ਰਾਤਾਂ ਦੀ ਠਹਿਰ ਮੁਹੱਈਆ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਯਾਤਰਾ ਲਈ 50 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਸ਼ਰਧਾਲੂ ਯੋਗ ਹੋਣਗੇ। ਇਸ ਲਈ ਰਜਿਸਟ੍ਰੇਸ਼ਨ ਵਾਸਤੇ ਵੋਟਰ ਕਾਰਡ ਲਾਜ਼ਮੀ ਹੋਵੇਗਾ। ਇਨ੍ਹਾਂ ਸ਼ਰਧਾਲੂਆਂ ਨੂੰ ਏ.ਸੀ. ਬੱਸਾਂ, ਏ.ਸੀ. ਹੋਟਲਾਂ ਦੀ ਠਹਿਰ ਦੇ ਨਾਲ-ਨਾਲ ਖਾਣਾ ਵੀ ਮੁਹੱਈਆ ਕੀਤਾ ਜਾਵੇਗਾ। ਹਰੇਕ ਬੱਸ ਵਿੱਚ ਯਾਤਰੂਆਂ ਦੀ ਮਦਦ ਲਈ ਇਕ ਸਹਾਇਕ ਵੀ ਹੋਵੇਗਾ।

---------------------------------------------------------------------------

ਤਿੰਨ ਦਿਨਾਂ 34ਵਾਂ ਮੇਲਾ 'ਗ਼ਦਰੀ ਬਾਬਿਆਂ ਦਾ' ਜਲੰਧਰ ਦੇ ਦੇਸ਼ ਭਗਤ ਯਾਦਗਾਰ ਹਾਲ ਵਿਖੇ ਅੱਜ ਤੋਂ ਸ਼ੁਰੂ ਹੋ ਰਿਹਾ ਏ ਜੋ ਪਹਿਲੀ ਨਵੰਬਰ ਤੱਕ ਚੱਲੇਗਾ। ਇਸ ਸਾਲ ਇਹ ਮੇਲਾ ਗ਼ਦਰੀ ਗੁਲਾਬ ਕੌਰ ਦੀ

100ਵੀਂ ਬਰਸੀ ਅਤੇ ਗ਼ਦਰ ਲਹਿਰ ਦੇ ਸੰਘਰਸ਼ ਨੂੰ ਸਮਰਪਿਤ ਏ। ਮੌਜੂਦਾ ਰਾਸ਼ਟਰੀ ਅਤੇ ਅੰਤਰ-ਰਾਸ਼ਟਰੀ ਮੁੱਦਿਆਂ, ਨਾਟਕ, ਭਾਸ਼ਣ, ਪੇਂਟਿੰਗ ਮੁਕਾਬਲੇ, ਸੰਗੀਤਕ ਪ੍ਰੋਗਰਾਮ, ਥੀਏਟਰ ਅਤੇ ਕਿਤਾਬ ਪ੍ਰਦਰਸ਼ਨੀਆਂ 'ਤੇ ਚਰਚਾਵਾਂ ਦਾ ਆਯੋਜਨ ਕੀਤਾ ਜਾਵੇਗਾ। 'ਗ਼ਦਰ ਲਹਿਰ ਦੀ ਵਿਰਾਸਤ ਨੂੰ ਯਾਦ ਰੱਖਣਾ' ਵਿਸ਼ੇ 'ਤੇ ਇੱਕ ਵਿਸ਼ੇਸ਼ ਚਰਚਾ ਵੀ ਸਮਾਗਮਾਂ ਦਾ ਹਿੱਸਾ ਹੋਵੇਗੀ।

-----------------------------------------------------------------------

ਵਿਜੀਲੈਂਸ ਬਿਊਰੋ ਦੇ ਮੁਖ ਡਾਇਰੈਕਟਰ ਪ੍ਰਵੀਨ ਕਮਾਰ ਸਿਨਹਾ ਦੀ ਰਹਿਨੁਮਾਈ ਹੇਠ ਭ੍ਰਿਸ਼ਟਾਚਾਰ ਵਿਰੁੱਧ ਲੋਕਾਂ ਨੂੰ ਜਾਗਰੂਕ ਕਰਨ ਸਬੰਧੀ 27 ਅਕਤੂਬਰ ਤੋਂ 2 ਨਵੰਬਰ ਤੱਕ ਸੈਮੀਨਾਰ ਲਗਾਏ ਜਾ ਰਹੇ ਨੇ , ਇਸੇ ਲੜੀ ਤਹਿਤ ਅੱਜ ਸ੍ਰੀ ਮੁਕਤਸਰ ਸਾਹਿਬ ਵਿਖੇ ਵਿਜੀਲੈਂਸ ਬਿਓਰੋ ਦੇ ਨੁਮਾਇੰਦਿਆਂ ਵਲੋਂ ਬਾਬਾ ਮੋਢਾ ਜੀ ਦੀ ਸਮਾਧ ਬਰੀਵਾਲਾ ਮੰਡੀ ਵਿਖੇ ਭ੍ਰਿਸ਼ਟਾਚਾਰ ਵਿਰੁੱਧ ਲੋਕਾਂ ਨੂੰ ਜਾਗਰੂਕ ਕਰਨ ਲਈ ਸੈਮੀਨਾਰ ਲਗਾਇਆ ਗਿਆ। ਉਹਨਾਂ ਦੱਸਿਆ ਕਿ ਜੇਕਰ ਕੋਈ ਵਿਅਕਤੀ ਸਰਕਾਰੀ ਕੰਮ ਕਰਵਾਉਣ ਬਦਲੇ ਕੋਈ ਰਿਸ਼ਵਤ ਦੀ ਮੰਗ ਕਰਦਾ ਹੈ ਤਾਂ ਇਸ ਦੀ ਸੂਚਨਾਂ ਵਿਜੀਲੈਂਸ ਵਿਭਾਗ ਨੂੰ ਜਰੂਰ ਦਿੱਤੀ

ਜਾਵੇ। ਉਹਨਾਂ ਦੱਸਿਆ ਕਿ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਲਈ ਵਿਭਾਗ ਵਲੋਂ ਭ੍ਰਿਸ਼ਟਾਚਾਰ ਵਿਰੁੱਧ ਐਕਸ਼ਨ ਲਾਈਨ ਨੰਬਰ 95012-00200 ਅਤੇ ਟੋਲ ਫਰੀ 1800-1800-1000 ਵੀ ਜਾਰੀ ਕੀਤਾ ਹੋਇਆ ਏ । ਉਨ੍ਹਾਂ ਦੱਸਿਆ ਕਿ ਵਿਭਾਗ ਵਲੋਂ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਲਈ ਸ੍ਰੀ ਮੁਕਤਸਰ ਸਾਹਿਬ ਸ਼ਹਿਰ ਦੀਆਂ ਵੱਖ-ਵੱਖ ਸਰਕਾਰੀ ਬਿਲਡਿੰਗਾਂ 'ਤੇ ਜਾਗਰੂਕਤਾ ਪੋਸਟਰ ਵੀ ਲਗਾਏ ਗਏ।

---------------------------------------------------------------------------

42ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਵਿੱਚ ਇੰਡੀਅਨ ਨੇਵੀ ਮੁੰਬਈ ਨੇ ਇੰਡੀਅਨ ਏਅਰ ਫੋਰਸ ਨੂੰ ਪੈਨਲਟੀ ਸ਼ੂਟ ਆਊਟ ਰਾਹੀਂ 4-2 ਨਾਲ ਅਤੇ ਭਾਰਤੀ ਰੇਲਵੇ ਦਿੱਲੀ ਨੇ ਬੀ.ਐਸ.ਐਫ ਜਲੰਧਰ ਨੂੰ 5-0 ਦੇ ਫਰਕ ਨਾਲ ਹਰਾ ਕੇ ਦੇ ਸੈਮੀਫਾਇਨਲ ਵਿੱਚ ਪ੍ਰਵੇਸ਼ ਕਰ ਲਿਆ। ਉਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਜਲੰਧਰ ਵਿੱਚ ਚਲ ਰਹੇ ਟੂਰਨਾਮੈਂਟ ਦੇ ਸੱਤਵੇਂ ਦਿਨ ਪਹਿਲੇ ਦੋ ਕਵਾਰਟਰ ਫਾਇਨਲ ਮੈਚ ਖੇਡੇ ਗਏ। ਅੱਜ ਭਾਰਤ ਪੈਟਰੋਲੀਅਮ ਮੁੰਬਈ ਦਾ ਮੁਕਾਬਲਾ ਆਰਮੀ ਇਲੈਵਨ ਦਿੱਲੀ ਨਾਲ ਸਾਡੇ ਚਾਰ ਵਜੇ ਅਤੇ

ਪੰਜਾਬ ਪੁਲਿਸ ਜਲੰਧਰ ਦਾ ਮੁਕਾਬਲਾ ਇੰਡੀਅਨ ਆਇਲ ਮੁੰਬਈ ਸਵਾ 6 ਵਜੇ ਹੋਵੇਗਾ।

-----------------------------------------------------------------------

ਕ੍ਰਿਕੇਟ ਵਿਚ ਔਰਤਾਂ ਦੇ ICC ਦੇ ਇੱਕ ਰੋਜ਼ਾ ਵਿਸ਼ਵ ਕੱਪ ਵਿੱਚ, ਭਾਰਤ ਅੱਜ ਦੁਪਹਿਰ ਬਾਅਦ ਨਵੀਂ ਮੁੰਬਈ ਦੇ ਡਾ. ਡੀ.ਵਾਈ ਪਾਟਿਲ ਸਪੋਰਟਸ ਅਕੈਡਮੀ ਵਿੱਚ ਦੂਜੇ ਸੈਮੀਫਾਈਨਲ ਵਿੱਚ ਆਸਟ੍ਰੇਲੀਆ ਦਾ ਸਾਹਮਣਾ ਕਰੇਗਾ। ਇਹ ਮੈਚ ਭਾਰਤੀ ਸਮੇਂ ਅਨੁਸਾਰ ਦੁਪਹਿਰ ਬਾਅਦ 3 ਵਜੇ ਸ਼ੁਰੂ ਹੋਏਗਾ। ਆਕਾਸ਼ਵਾਣੀ ਦੁਪਹਿਰ ਬਾਅਦ ਢਾਈ ਵਜੇ ਤੋਂ ਖੇਡ ਦੇ ਅੰਤ ਤੱਕ ਅੰਗਰੇਜ਼ੀ ਅਤੇ ਹਿੰਦੀ ਦੋਵਾਂ ਭਾਸ਼ਾਵਾਂ ਵਿੱਚ ਮੁਕਾਬਲੇ ਦਾ ਅਖੀਂ ਡਿੱਠਾ ਹਾਲ ਪ੍ਰਸਾਰਿਤ ਕਰੇਗਾ।

-----------------------------------------------------------------------

ਬਹਿਰੀਨ ਦੇ ਮਨਾਮਾ ਵਿੱਚ ਚੱਲ ਰਹੀਆਂ ਏਸ਼ੀਅਨ ਯੂਥ ਖੇਡਾਂ ਵਿੱਚ ਭਾਰਤੀ ਪਹਿਲਵਾਨ ਮੋਨੀ ਅਤੇ ਜੈਵੀਰ ਸਿੰਘ ਨੇ ਸ਼ਾਨਦਾਰ ਕਾਰਗੁਜ਼ਾਰੀ ਦਿਖਾਉਂਦਿਆਂ ਸੋਨੇ ਦੇ ਤਗਮੇ ਜਿੱਤੇ ਨੇ। ਮੁੰਡਿਆਂ ਦੇ 55 ਕਿਲੋਗ੍ਰਾਮ ਫ੍ਰੀਸਟਾਈਲ ਵਰਗ ਵਿੱਚ, ਜੈਵੀਰ ਸਿੰਘ ਨੇ ਜਾਪਾਨ ਦੇ ਯਾਮਾਟੋ ਫੁਰੂਸਾਵਾ ਨੂੰ ਛੇ ਅੰਕਾਂ ਨਾਲ ਹਰਾਇਆ ਅਤੇ ਸੋਨੇ ਦੇ ਤਗਮੇ ਦੇ

ਮੁਕਾਬਲੇ ਵਿੱਚ ਦੋ ਅੰਕਾਂ ਨਾਲ ਜਿੱਤ ਹਾਸਿਲ ਕੀਤੀ। ਕੁੜੀਆਂ ਦੇ 57 ਕਿਲੋਗ੍ਰਾਮ ਫ੍ਰੀਸਟਾਈਲ ਫਾਈਨਲ ਵਿੱਚ, ਮੋਨੀ ਨੇ ਕਿਰਗਿਜ਼ਸਤਾਨ ਦੀ ਸੇਜ਼ਿਮ ਕੁਰਮਾਨ-ਬੇਕੋਵਨਾ ਝੋਲਦੋਸ਼-ਬੇਕੋਵਾ ਨੂੰ ਤਕਨੀਕੀ ਉੱਤਮਤਾ ਰਾਹੀਂ 10-0 ਨਾਲ ਹਰਾ ਕੇ ਸੋਨੇ ਦਾ ਤਗਮਾ ਜਿੱਤਿਆ।